# Prime Minister’s meeting with Mr. Cristiano Amon, CEO of Qualcomm

September 23, 2021

## ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਅਤੇ ਕਵਾਲਕੌਮ ਦੇ ਮੁੱਖ ਕਾਰਜਕਾਰੀ ਅਧਿਕਾਰੀ (ਸੀਈਓ), ਸ਼੍ਰੀ ਕ੍ਰਿਸਟੀਆਨੋ ਅਮੋਨ ਦੇ ਦਰਮਿਆਨ ਬੈਠਕ

23 ਸਤੰਬਰ 2021

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ ਅੱਜ ਕਵਾਲਕੌਮ ਦੇ ਮੁੱਖ ਕਾਰਜਕਾਰੀ ਅਧਿਕਾਰੀ (ਸੀਈਓ), ਸ਼੍ਰੀ ਕ੍ਰਿਸਟੀਆਨੋ ਅਮੋਨ ਦੇ ਨਾਲ ਬੈਠਕ ਕੀਤੀ।

ਉਨ੍ਹਾਂ ਨੇ ਇਸ ਬੈਠਕ ਦੇ ਦੌਰਾਨ ਭਾਰਤ ਦੇ ਦੂਰਸੰਚਾਰ ਅਤੇ ਇਲੈਕਟ੍ਰੌਨਿਕਸ ਖੇਤਰ ਵਿੱਚ ਉਪਲਬਧ ਵਿਆਪਕ ਨਿਵੇਸ਼ ਅਵਸਰਾਂ ਬਾਰੇ ਚਰਚਾ ਕੀਤੀ। ਇਸ ਦੌਰਾਨ ਇਲੈਕਟ੍ਰੌਨਿਕਸ ਸਿਸਟਮ ਡਿਜ਼ਾਈਨ ਅਤੇ ਮੈਨੂਫੈਕਚਰਿੰਗ (ਈਐੱਸਡੀਐੱਮ) ਦੇ ਲਈ ਹਾਲ ਹੀ ਵਿੱਚ ਸ਼ੁਰੂ ਕੀਤੀ ਗਈ ਪ੍ਰੋਡਕਸ਼ਨ ਲਿੰਕਡ ਇਨਸੈਂਟਿਵ (ਪੀਐੱਲਆਈ) ਸਕੀਮ ਦੇ ਨਾਲ-ਨਾਲ ਭਾਰਤ ਵਿੱਚ ਸੈਮੀਕੰਡਕਟਰ ਸਪਲਾਈ ਚੇਨ ਨਾਲ ਜੁੜੇ ਘਟਨਾਕ੍ਰਮਾਂ ਬਾਰੇ ਵੀ ਚਰਚਾ ਹੋਈ। ਇਸ ਦੇ ਨਾਲ ਹੀ ਭਾਰਤ ਵਿੱਚ ਲੋਕਲ ਇਨੋਵੇਸ਼ਨ ਈਕੋਸਿਸਟਮ ਦਾ ਨਿਰਮਾਣ ਕਰਨ ਦੇ ਲਈ ਜ਼ਰੂਰੀ ਰਣਨੀਤੀਆਂ ਬਣਾਉਣ ਬਾਰੇ ਵੀ ਚਰਚਾ ਹੋਈ।

ਵਾਸ਼ਿੰਗਟਨ ਡੀ.ਸੀ.
23 ਸਤੰਬਰ 2021

DISCLAIMER: This is an approximate translation. The original is available in English on MEA’s website and may be referred to as the official press release.